# Punjabi, Eastern: Unlocked Literal Bible for ਫਿਲੇਮੋਨ ਨੂੰ

Formatted for Translators



generated on Wed Jun 4 11:25:57 2025

# ਫਿਲੇਮੋਨ ਨੂੰ

1

## ਨਮਸਕਾਰ

[1]ਪੌਲੁਸ ਵੱਲੋਂ, ਜਿਹੜਾ ਮਸੀਹ ਯਿਸੂ ਦਾ ਕੈਦੀ ਹਾਂ ਅਤੇ ਭਰਾ ਤਿਮੋਥਿਉਸ ਵੱਲੋਂ । ਅੱਗੇ ਯੋਗ ਸਾਡੇ ਪਿਆਰੇ ਅਤੇ ਸਹਿਕਰਮੀ ਫਿਲੇਮੋਨ 1[2]ਅਤੇ ਸਾਡੀ ਭੈਣ ਅੱਫਿਆ, ਸਾਡੇ ਨਾਲ ਦੇ ਸਿਪਾਹੀ
ਅਰਖਿੱਪੁਸ ਅਤੇ ਉਸ ਕਲੀਸਿਯਾ ਨੂੰ ਜੋ ਤੇਰੇ ਘਰ ਵਿੱਚ ਹੈ ।[3]ਪਰਮੇਸ਼ੁਰ ਸਾਡੇ ਪਿਤਾ ਅਤੇ ਪ੍ਰਭੂ ਯਿਸੂ ਮਸੀਹ ਦੀ ਵੱਲੋਂ ਤੁਹਾਨੂੰ ਕਿਰਪਾ ਅਤੇ ਸ਼ਾਂਤੀ ਮਿਲਦੀ ਰਹੇ ।

## ਫਿਲੇਮੋਨ ਦਾ ਪਿਆਰ ਅਤੇ ਵਿਸ਼ਵਾਸ

[4]ਤੇਰਾ ਪਿਆਰ ਅਤੇ ਵਿਸ਼ਵਾਸ ਜੋ ਪ੍ਰਭੂ ਯਿਸੂ ਅਤੇ ਸਭਨਾਂ ਸੰਤਾਂ ਦੇ ਨਾਲ ਹੈ ।[5]ਉਹ ਦੀ ਖ਼ਬਰ ਸੁਣ ਕੇ ਮੈਂ ਆਪਣੀਆਂ ਪ੍ਰਾਰਥਨਾਵਾਂ ਵਿੱਚ ਤੇਰੀ ਗੱਲ ਕਰਦਿਆਂ, ਸਦਾ ਆਪਣੇ ਪਰਮੇਸ਼ੁਰ ਦਾ
ਧੰਨਵਾਦ ਕਰਦਾ ਹਾਂ ।[6]ਜੋ ਤੇਰੇ ਵਿਸ਼ਵਾਸ ਦੀ ਸਾਂਝ, ਤੁਹਾਡੀ ਹਰੇਕ ਨੇਕੀ ਦੀ ਪਛਾਣ ਦੇ ਦੁਆਰਾ ਜੋ ਮਸੀਹ ਵਿੱਚ ਹੈ, ਪ੍ਰਭਾਵਸ਼ਾਲੀ ਹੋਵੇ ।[7]ਕਿਉਂ ਜੋ ਭਰਾ, ਤੇਰੇ ਪਿਆਰ ਤੋਂ ਮੈਨੂੰ ਵੱਡਾ ਅਨੰਦ ਅਤੇ
ਤਸੱਲੀ ਹੋਈ, ਇਸ ਲਈ ਜੋ ਤੇਰੇ ਕਾਰਨ ਸੰਤਾਂ ਦਾ ਦਿਲ ਤਰੋ ਤਾਜ਼ਾ ਹੋਇਆ ਹੈ ।

## ਉਨੇਸਿਮੁਸ ਲਈ ਬੇਨਤੀ

[8]ਸੋ ਭਾਵੇਂ ਮਸੀਹ ਵਿੱਚ ਮੈਨੂੰ ਦਲੇਰੀ ਤਾਂ ਬਹੁਤ ਹੈ ਕਿ ਜੋ ਕੁੱਝ ਉੱਚਿਤ ਹੈ ਉਸ ਵਿਖੇ ਤੈਨੂੰ ਹੁਕਮ ਦੇਵਾਂ ।[9]ਪਰ ਪਿਆਰ ਦਾ ਵਾਸਤਾ ਪਾ ਕੇ ਮੈਂ ਪੌਲੁਸ ਬੁੱਢਾ ਅਤੇ ਮਸੀਹ ਯਿਸੂ ਦਾ ਕੈਦੀ ਵੀ ਹੋ ਕੇ ਬੇਨਤੀ
ਕਰਦਾ ਹਾਂ ।
[10]ਮੈਂ ਆਪਣੇ ਬੱਚੇ ਉਨੇਸਿਮੁਸ ਦੇ ਲਈ ਜਿਸਨੇ ਕੈਦ ਵਿੱਚ ਮੇਰੇ ਤੋਂ ਜਨਮ ਲਿਆ ਤੇਰੇ ਅੱਗੇ ਬੇਨਤੀ ਕਰਦਾ ਹਾਂ 1[11]ਜਿਹੜਾ ਪਹਿਲਾਂ ਤੇਰੇ ਕਿਸੇ ਕੰਮ ਦਾ ਨਹੀਂ ਸੀ, ਪਰ ਹੁਣ ਤੇਰੇ ਅਤੇ ਮੇਰੇ ਬਹੁਤ ਕੰਮ
ਦਾ ਹੈ ।[12]ਉਸੇ ਨੂੰ ਜੋ ਮੇਰੇ ਆਪਣੇ ਕਲੇਜੇ ਦਾ ਟੁਕੜਾ ਹੈ, ਮੈਂ ਤੇਰੇ ਕੋਲ ਵਾਪਿਸ ਭੇਜਿਆ ਹੈ ।[13]ਮੈਂ ਚਾਹੁੰਦਾ ਸੀ ਜੋ ਉਹ ਨੂੰ ਆਪਣੇ ਹੀ ਕੋਲ ਰੱਖਾਂ, ਤਾਂ ਕਿ ਤੇਰੇ ਵੱਲੋਂ ਖੁਸ਼ਖਬਰੀ ਦੇ ਬੰਧਨਾਂ ਵਿੱਚ ਮੇਰੀ
ਸੇਵਾ ਕਰੇ ।
[14]ਪਰ ਤੇਰੀ ਸਲਾਹ ਬਿਨ੍ਹਾਂ ਮੈਂ ਕੁੱਝ ਕਰਨਾ ਨਾ ਚਾਹਿਆ, ਤਾਂ ਜੋ ਤੇਰੀ ਇਹ ਭਲਾਈ ਮਜ਼ਬੂਰੀ ਨਾਲ ਨਹੀਂ, ਸਗੋਂ ਤੇਰੀ ਸਵੈ ਇੱਛਾ ਨਾਲ ਹੋਵੇ ।[15]ਕਿਉਂ ਜੋ ਕੀ ਜਾਣੀਏ ਭਈ ਉਹ ਥੋੜ੍ਹਾ ਚਿਰ ਇਸ
ਲਈ ਤੇਰੇ ਤੋਂ ਅਲੱਗ ਹੋਇਆ, ਤਾਂ ਕਿ ਉਹ ਸਦਾ ਤੇਰੇ ਨਜਦੀਕ ਰਹੇ ।[16]ਅੱਗੇ ਨੂੰ ਦਾਸ ਵਾਂਗੂੰ ਨਹੀਂ ਸਗੋਂ ਦਾਸ ਨਾਲੋਂ ਚੰਗਾ, ਅਰਥਾਤ ਪਿਆਰੇ ਭਰਾ ਦੀ ਤਰ੍ਹਾਂ, ਖ਼ਾਸ ਕਰਕੇ ਮੇਰੇ ਲਈ, ਪਰ ਕਿੰਨ੍ਹਾਂ
ਵਧੀਕ ਸਰੀਰ ਅਤੇ ਪ੍ਰਭੂ ਵਿੱਚ ਤੇਰਾ ਪਿਆਰਾ ਹੋਵੇਗਾ !
[17]ਸੋ ਜੇ ਤੂੰ ਮੈਨੂੰ ਆਪਣਾ ਸਾਂਝੀ ਜਾਣਦਾ ਹੈਂ, ਤਾਂ ਜਿਵੇਂ ਮੈਨੂੰ ਕਬੂਲ ਕਰਦਾ ਹੈ ਤਿਵੇਂ ਉਹ ਨੂੰ ਕਬੂਲ ਕਰ ।[18]ਅਤੇ ਜੇ ਉਹ ਨੇ ਤੇਰਾ ਕੁੱਝ ਨੁਕਸਾਨ ਕੀਤਾ ਹੋਵੇ ਅਥਵਾ ਤੇਰਾ ਕੁੱਝ ਦੇਣਾ ਹੋਵੇ, ਤਾਂ ਉਹ ਨੂੰ
ਮੇਰੇ ਨਾਮ ਲਿਖ ਲਵੀਂ ।[19]ਮੈਂ ਪੌਲੁਸ ਹਾਂ ਅਤੇ ਆਪਣੇ ਹੱਥੀਂ ਲਿਖਿਆ ਹੈ, ਮੈਂ ਹੀ ਭਰ ਦਿਆਂਗਾ ਜੋ ਮੈਂ ਤੈਨੂੰ ਇਹ ਨਾ ਆਖਾਂ ਭਈ ਮੇਰਾ ਕਰਜ਼ ਜੋ ਤੂੰ ਦੇਣਾ ਹੈ, ਸੋ ਤੂੰ ਆਪ ਹੀ ਹੈ ![20]ਹਾਂ, ਭਰਾਵਾ, ਤੇਰੇ
ਤੋਂ ਪ੍ਰਭੂ ਵਿੱਚ ਮੈਨੂੰ ਅਨੰਦ ਪ੍ਰਾਪਤ ਹੋਵੇ । ਮਸੀਹ ਵਿੱਚ ਮੇਰਾ ਦਿਲ ਤਰੋ ਤਾਜ਼ਾ ਕਰ ।
[21]ਤੇਰੀ ਆਗਿਆਕਾਰੀ ਉੱਤੇ ਭਰੋਸਾ ਰੱਖ ਕੇ ਮੈਂ ਤੈਨੂੰ ਲਿਖਿਆ ਹੈ, ਕਿਉਂ ਜੋ ਮੈਂ ਜਾਣਦਾ ਹਾਂ ਭਈ ਜੋ ਕੁੱਝ ਮੈਂ ਆਖਦਾ ਹਾਂ ਤੂੰ ਉਸ ਤੋਂ ਵੱਧ ਕਰੇਂਗਾ ।[22]ਅਤੇ ਕੋਈ ਠਹਿਰਨ ਦਾ ਥਾਂ ਮੇਰੇ ਲਈ ਤਿਆਰ
ਕਰ ਰੱਖ, ਕਿਉਂ ਜੋ ਮੈਨੂੰ ਉਮੀਦ ਹੈ ਕਿ ਤੁਹਾਡੀਆਂ ਪ੍ਰਾਰਥਨਾਵਾਂ ਦੇ ਦੁਆਰਾ ਤੁਹਾਨੂੰ ਬਖਸ਼ਿਆ ਜਾਂਵਾਂਗਾ ।

## ਆਖਰੀ ਨਮਸਕਾਰ

[23]ਇਪਫ਼ਰਾਸ ਜਿਹੜਾ ਮਸੀਹ ਯਿਸੂ ਦੇ ਨਮਿੱਤ ਕੈਦ ਵਿੱਚ ਮੇਰਾ ਸਾਥੀ ਹੈ,[24]ਅਤੇ ਮਰਕੁਸ, ਅਰਿਸਤਰਖੁਸ, ਦੇਮਾਸ ਅਤੇ ਲੂਕਾ ਜੋ ਮੇਰੇ ਨਾਲ ਦੇ ਕੰਮ ਕਰਨ ਵਾਲੇ ਤੇਰੀ ਸੁੱਖ-ਸਾਂਦ ਪੁੱਛਦੇ ਹਨ ।
[25]ਸਾਡੇ ਪ੍ਰਭੂ ਯਿਸੂ ਮਸੀਹ ਦੀ ਕਿਰਪਾ ਤੁਹਾਡੇ ਆਤਮਾ ਉੱਤੇ ਹੋਵੇ । ਆਮੀਨ ।


generated on Wed Jun 4 11:25:57 2025